# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :13-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਉਪ-ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਦਾ ਕਹਿਣਾ ਏ ਕਿ ਵਿਕਸਿਤ ਭਾਰਤ ਦਾ ਦ੍ਰਿਸ਼ਟੀਕੋਣ ਉਦੋਂ ਹੀ ਸਾਕਾਰ ਹੋ ਸਕਦਾ ਏ ਜਦੋਂ ਦੇਸ਼ ਦੇ ਨੌਜਵਾਨ ਨਸ਼ਾ ਮੁਕਤ, ਅਤੇ ਸਿਹਤਮੰਦ ਹੋਣ.

- ਪੰਜਾਬ ਸਰਕਾਰ ਨੇ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਵਿੱਚ ਰਹਿਣ ਵਾਲੇ ਨਿਵਾਸੀਆਂ ਨੂੰ ਲਾਭ ਪਹੁੰਚਾਉਣ ਲਈ ਵੱਡੇ ਨਾਗਰਿਕ ਕੇਂਦਰਿਤ ਸੁਧਾਰ ਪੇਸ਼ ਕੀਤੇ ਨੇ.

- ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਏ ਕਿ ਖਜ਼ਾਨਾ ਵਿਭਾਗ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾ ਰਹੀ ਏ ।

- ਅੱਜ ਲੋਹੜੀ ਦਾ ਤਿਉਹਾਰ ਪੂਰੇ ਰਵਾਇਤੀ ਜੋਸ਼ੋ – ਖਰੋਸ਼ ਨਾਲ ਮਨਾਇਆ ਜਾ ਰਿਹਾ ਏ. ਪਟਿਆਲਾ ਵਿਖੇ ਰਾਜ ਪੱਧਰੀ ਸਮਾਗਮ'ਚ "ਧੀਆਂ ਦੀ ਲੋਹੜੀ" ਮਨਾਈ ਗਈ.

- ਭਾਰਤੀ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦਾ RED ALERT ਜਾਰੀ ਕੀਤਾ ਏ.

### *ਹੁਣ ਖਬਰਾਂ ਵਿਸਥਾਰ ਨਾਲ*

ਉਪ-ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਨੇ ਅੱਜ ਕਿਹਾ ਏ ਕਿ ਵਿਕਸਿਤ ਭਾਰਤ ਦਾ ਦ੍ਰਿਸ਼ਟੀਕੋਣ ਉਦੋਂ ਹੀ ਸਾਕਾਰ ਹੋ ਸਕਦਾ ਏ ਜਦੋਂ ਦੇਸ਼ ਦੇ ਨੌਜਵਾਨ ਨਸ਼ਾ ਮੁਕਤ, ਸਿਹਤਮੰਦ ਅਤੇ ਕੋਈ ਉਦੇਸ਼ ਰੱਖਣ ਵਾਲਾ ਹੋਵੇ । ਸ਼੍ਰੀ ਰਾਧਾਕ੍ਰਿਸ਼ਨਨ ਨੇ ਇਹ ਗੱਲ ਰਾਸ਼ਟਰੀ ਰਾਜਧਾਨੀ ਵਿੱਚ ਦਿੱਲੀ ਯੂਨੀਵਰਸਿਟੀ ਦੇ ਨਸ਼ਾ ਮੁਕਤ ਕੈਂਪਸ ਮੁਹਿੰਮ ਨੂੰ ਸੰਬੋਧਨ ਕਰਦਿਆਂ ਕਹੀ। ਇਸ ਮੌਕੇ, ਸ਼੍ਰੀ ਰਾਧਾਕ੍ਰਿਸ਼ਨਨ ਨੇ ਨਸ਼ਾ ਮੁਕਤ ਕੈਂਪਸਾਂ ਲਈ ਇੱਕ ਸਮਰਪਿਤ e-pledge ਪਲੇਟਫਾਰਮ ਅਤੇ ਮੋਬਾਈਲ ਐਪ ਵੀ ਲਾਂਚ ਕੀਤਾ। ਉਪ-ਰਾਸ਼ਟਰਪਤੀ ਨੇ ਕਿਹਾ ਕਿ ਇਹ ਮੁਹਿੰਮ ਸਰਕਾਰ ਦੇ ਨਸ਼ਾ ਮੁਕਤ ਭਾਰਤ ਅਭਿਆਨ ਨਾਲ ਮਜ਼ਬੂਤੀ ਨਾਲ ਮੇਲ

ਖਾਂਦੀ ਏ । ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਦਾਰਥਾਂ ਦੀ ਦੁਰਵਰਤੋਂ ਇੱਕ ਸਮਾਜਿਕ ਚੁਣੌਤੀ, ਇੱਕ ਜਨਤਕ ਸਿਹਤ ਚਿੰਤਾ ਅਤੇ ਦੇਸ਼ ਦੀ ਨੌਜੁਆਨ ਆਬਾਦੀ ਲਈ ਖਤਰਾ ਏ. ਸ਼੍ਰੀ ਰਾਧਾਕ੍ਰਿਸ਼ਨਨ ਨੇ ਵਿਦਿਆਰਥੀਆਂ ਨੂੰ ਸਰਗਰਮੀ ਨਾਲ ਹਿੱਸਾ ਲੈਣ ਅਤੇ ਨਸ਼ਾ ਮੁਕਤ ਕੈਂਪਸ ਲਈ ਸਹੁੰ ਚੁੱਕਣ ਦੀ ਅਪੀਲ ਵੀ ਕੀਤੀ. ਇਸ ਮੌਕੇ ਬੋਲਦਿਆਂ, ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਾ ਮੁਕਤ ਕੈਂਪਸ ਮੁਹਿੰਮ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਮੁਤਾਬਿਕ ਏ. ਉਨ੍ਹਾਂ ਨੇ ਅਧਿਆਪਕਾਂ ਅਤੇ ਪ੍ਰਸ਼ਾਸਕਾਂ ਨੂੰ ਇੱਕ ਕੈਂਪਸ ਸੱਭਿਆਚਾਰ ਬਣਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ ਜੋ ਵਿਦਿਆਰਥੀਆਂ ਦੀ ਭਲਾਈ ਨੂੰ ਤਰਜੀਹ ਦਿੰਦਾ ਏ -

BYTE

---------------------------------------------------------

ਇਕ ਇਤਿਹਾਸਕ ਫੈਸਲੇ ਵਿੱਚ ਪੰਜਾਬ ਸਰਕਾਰ ਨੇ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਵਿੱਚ ਰਹਿਣ ਵਾਲੇ ਨਿਵਾਸੀਆਂ ਨੂੰ ਲਾਭ ਪਹੁੰਚਾਉਣ ਲਈ ਵੱਡੇ ਨਾਗਰਿਕ ਕੇਂਦਰਿਤ ਸੁਧਾਰ ਪੇਸ਼ ਕੀਤੇ ਨੇ. ਸਰਕਾਰ ਨੇ ਸਹਿਕਾਰੀ ਹਾਊਸਿੰਗ ਜਾਇਦਾਦਾਂ ਦੀ ਰਜਿਸਟਰੇਸ਼ਨ ਨੂੰ ਕਿਫ਼ਾਇਤੀ, ਸੁਰੱਖਿਅਤ ਅਤੇ ਕਾਨੂੰਨੀ ਤੌਰ `ਤੇ ਮਜ਼ਬੂਤ ਬਣਾਉਣ ਲਈ ਵਿਆਪਕ ਢਾਂਚੇ ਨੂੰ ਪ੍ਰਵਾਨਗੀ ਦਿੱਤੀ ਏ । ਇਸ ਦੇ ਨਾਲ-ਨਾਲ ਸੂਬੇ ਲਈ

ਸਟੈਂਪ ਡਿਊਟੀ ਦੀ ਜਾਇਜ਼ ਵਸੂਲੀ ਨੂੰ ਯਕੀਨੀ ਬਣਾਇਆ ਏ । ਇਸ ਫੈਸਲੇ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਵਲੋਂ ਉਨ੍ਹਾਂ ਦੇ ਅਸਲ ਮੈਂਬਰਾਂ ਦੇ ਹੱਕ ਵਿੱਚ ਕੀਤੇ ਗਏ ਅਸਲ ਅਲਾਟਮੈਂਟ ਦੇ ਦਸਤਾਵੇਜ਼ਾਂ ਨੂੰ ਸਟੈਂਪ ਡਿਊਟੀ ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਗਈ ਏ । ਅਜਿਹੀਆਂ ਰਜਿਸਟ੍ਰੇਸ਼ਨਾਂ ਨੂੰ ਦਰਸਾਏ ਮੁੱਲ `ਤੇ ਸਿਰਫ਼ ਇਕ ਮਾਮੂਲੀ ਰਜਿਸਟਰੇਸ਼ਨ ਫੀਸ ਨਾਲ ਇਜਾਜ਼ਤ ਦਿੱਤੀ ਜਾਵੇਗੀ।” ਉਨ੍ਹਾਂ ਅੱਗੇ ਕਿਹਾ ਕਿ ਮਾਲ ਵਿਭਾਗ ਵੱਲੋਂ ਪਰਿਭਾਸ਼ਿਤ ਅਤੇ ਨੋਟੀਫਾਈ ਕੀਤੇ ਮੁਤਾਬਕ ਇਹ ਛੋਟ ਕਾਨੂੰਨੀ ਵਾਰਸਾਂ, ਜੀਵਨ ਸਾਥੀ ਅਤੇ ਯੋਗ ਪਰਿਵਾਰਕ ਮੈਂਬਰਾਂ ਨੂੰ ਵੀ ਦਿੱਤੀ ਗਈ ਏ. ਉਨ੍ਹਾਂ ਦੱਸਿਆ ਕਿ , 31 ਜਨਵਰੀ, 2026 ਤੱਕ ਪੂਰੀਆਂ ਹੋਈਆਂ ਰਜਿਸਟਰੇਸ਼ਨਾਂ ਲਈ ਸਟੈਂਪ ਡਿਊਟੀ 1 ਫੀਸਦੀ, 28 ਫਰਵਰੀ, 2026 ਤੱਕ ਰਜਿਸਟਰੇਸ਼ਨਾਂ ਲਈ 2 ਫੀਸਦੀ ਅਤੇ 31 ਮਾਰਚ, 2026 ਤੱਕ ਰਜਿਸਟਰੇਸ਼ਨਾਂ ਲਈ 3 ਫੀਸਦੀ ਤੈਅ ਕੀਤੀ ਗਈ ਏ । ਇਸ ਮਿਆਦ ਤੋਂ ਬਾਅਦ ਆਮ ਸਟੈਂਪ ਡਿਊਟੀ ਦਰਾਂ ਲਾਗੂ ਹੋਣਗੀਆਂ। ਇਹ ਸੁਧਾਰ ਨਾਗਰਿਕਾਂ ਲਈ ਕਾਨੂੰਨੀ ਤੌਰ `ਤੇ ਸੁਰੱਖਿਅਤ ਮਾਲਕੀ, ਸੂਬੇ ਲਈ ਸਟੈਂਪ ਡਿਊਟੀ ਦੀ ਕਾਨੂੰਨੀ ਵਸੂਲੀ, ਜ਼ਬਰਦਸਤੀ ਦੀ ਬਜਾਏ ਪ੍ਰੇਰ ਕੇ ਰਜਿਸਟਰੇਸ਼ਨ ਨੂੰ ਉਤਸ਼ਾਹਿਤ ਕਰਨ ਅਤੇ ਸੁਸਾਇਟੀਆਂ ਦੁਆਰਾ ਗੈਰ-ਵਾਜਬ ਤਬਾਦਲਾ

ਖ਼ਰਚਿਆਂ ਤੋਂ ਮੈਂਬਰਾਂ ਦੀ ਰਾਖੀ ਯਕੀਨੀ ਬਣਾਉਂਦੇ ਨੇ. ਸਹਿਕਾਰਤਾ ਵਿਭਾਗ ਨੇ ਪਹਿਲਾਂ ਹੀ ਪੰਜਾਬ ਭਰ ਦੇ ਡਿਪਟੀ ਕਮਿਸ਼ਨਰਾਂ ਅਤੇ ਸਬ-ਰਜਿਸਟਰਾਰਾਂ ਨੂੰ ਇਨ੍ਹਾਂ ਮਾਪਦੰਡਾਂ ਨੂੰ ਸੁਚਾਰੂ ਅਤੇ ਇਕਸਾਰ ਲਾਗੂਕਰਨ ਲਈ ਵਿਸਥਾਰਤ ਨਿਰਦੇਸ਼ ਜਾਰੀ ਕੀਤੇ ਨੇ.

---------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਏ ਕਿ ਖਜ਼ਾਨਾ ਵਿਭਾਗ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾ ਰਹੀ ਏ। ਅੱਜ ਚੰਡੀਗੜ੍ਹ 'ਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਸਖ਼ਤ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ, ਚਾਹੇ ਉਹ ਕਿੰਨੇ ਵੀ ਉੱਚੇ ਅਹੁਦੇ 'ਤੇ ਕਿਉਂ ਨਾ ਹੋਵੇ। ਭ੍ਰਿਸ਼ਟਾਚਾਰ ਵਿਰੁੱਧ ਪੰਜਾਬ ਸਰਕਾਰ ਦੇ ਦ੍ਰਿੜ ਇਰਾਦੇ ਨੂੰ ਦੁਹਰਾਉਂਦੇ ਹੋਏ ਖਜ਼ਾਨਾ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜ਼ਿੰਮੇਵਾਰ ਅਤੇ ਸਾਫ਼-ਸੁਥਰਾ ਪ੍ਰਸ਼ਾਸਨ ਦੇਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਜਿੱਥੇ ਵੀ ਭ੍ਰਿਸ਼ਟਾਚਾਰ ਸਾਹਮਣੇ ਆਵੇਗਾ, ਉੱਥੇ ਅਧਿਕਾਰੀ ਦੇ ਅਹੁਦੇ ਦੀ ਪਰਵਾਹ ਕੀਤੇ ਬਿਨਾਂ ਤੁਰੰਤ ਅਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------

ਅੱਜ ਪੰਜਾਬ ਸਮੇਤ ਉੱਤਰੀ ਭਾਰਤ ਦੇ ਕਈ ਹਿੱਸਿਆਂ, ਮੁਖ ਤੌਰ ‘ਤੇ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ ਲੋਹੜੀ ਦਾ ਤਿਉਹਾਰ ਪੂਰੇ ਰਵਾਇਤੀ ਉਤਸ਼ਾਹ ਤੇ ਜੋਸ਼ੋ-ਖਰੋਸ਼ ਨਾਲ ਮਨਾਇਆ ਜਾ ਰਿਹਾ ਏ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਲੋਹੜੀ, ਮਕਰ ਸੰਕ੍ਰਾਂਤੀ, ਪੋਂਗਲ ਅਤੇ ਮਾਘ ਬਿਹੂ ਦੇ ਮੌਕੇ 'ਤੇ ਦੇਸ਼ ਨੂੰ ਵਧਾਈਆਂ ਦਿੱਤੀਆਂ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਦੇਸ਼ ਦੀਆਂ ਅਮੀਰ ਖੇਤੀਬਾੜੀ ਰਵਾਇਤਾਂ ਦਾ ਪ੍ਰਤੀਕ ਨੇ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਦਰਸਾਉਂਦੇ ਨੇ. -ਪੂਰੇ ਪੰਜਾਬ ‘ਚ ਲੋਕੀਂ ਉਤਸ਼ਾਹ ਨਾਲ ਇਸ ਨਿੱਘੇ ਤਿਉਹਾਰ ਦੇ ਜਸ਼ਨ ਮਨਾ ਰਹੇ ਨੇ –

v / c

ਪੰਜਾਬ ਵਿੱਚ ਲੋਹੜੀ ਦਾ ਤਿਉਹਾਰ ਖੁਸ਼ੀਆਂ, ਨਿੱਘ ਅਤੇ ਭਾਈਚਾਰਕ ਸਾਂਝ ਦਾ ਤਿਉਹਾਰ ਏ । ਇਹ ਤਿਉਹਾਰ ਸ਼ਾਮ ਨੂੰ ਰਲ ਕੇ ਅੱਗ ਬਾਲਣ ਦੀਆਂ ਰਸਮਾਂ ਅਤੇ ਮਨੁੱਖਤਾ ਦੀ ਖੁਸ਼ਹਾਲੀ ਲਈ ਅਰਦਾਸਾਂ ਨਾਲ ਮਨਾਇਆ ਜਾਂਦਾ ਏ. ਲੋਕੀਂ ਬਲਦੀ ਅੱਗ ‘ਚ ਤਿਲ, ਰੇਵੜੀਆਂ ਤੇ ਭੁੱਜੇ ਦਾਣੇ ਪਾ ਕੇ ਬਰਕਤ ਲਈ ਸ਼ੁਕਰ ਮਨਾਉਂਦੇ ਨੇ. ਰਵਾਇਤੀ ਗੀਤਾਂ,ਭੰਗੜੇ ਤੇ ਗਿੱਧੇ ਨਾਲ ਪੂਰੇ ਮਾਹੌਲ’ਚ ਜੋਸ਼ ਭਰ ਜਾਂਦਾ ਏ. ਇਹ ਤਿਉਹਾਰ ਨਵੇਂ -ਵਿਆਹੇ ਜੋੜਿਆਂ ਅਤੇ ਨਵਜੰਮੇ ਬੱਚਿਆਂ ਲਈ ਨਵੀਂ ਸ਼ੁਰੂਆਤ ਦੀ ਅਹਿਮੀਅਤ ਰਖਦਾ ਏ. ਦੁੱਲਾ ਭੱਟੀ ਦੀ ਯਾਦ ‘ਚ ਗਾਏ ਗੀਤ ਅਮੀਰ ਪੰਜਾਬੀ ਲੋਕਧਾਰਾ ਦੀ ਤਸਵੀਰ ਪੇਸ਼ ਕਰਦੇ ਨੇ. ਰਾਜ ਵਿੱਚ ਵੱਖ-ਵੱਖ ਥਾਵਾਂ 'ਤੇ 'ਧੀਆਂ ਦੀ ਲੋਹੜੀ' ਮਨਾਉਣ ਲਈ ਵਿਸ਼ੇਸ਼ ਪ੍ਰੋਗਰਾਮ ਵੀ ਚੱਲ ਰਹੇ ਨੇ. ਇਹ ਧੀਆਂ ਪ੍ਰਤੀ ਸਮਾਜ ਦੀ ਮਾਨਸਿਕਤਾ ਵਿੱਚ ਸਕਾਰਾਤਮਕ ਤਬਦੀਲੀ ਦਾ ਪ੍ਰਤੀਕ ਨੇ. ਬੀਤੇ ਦਿਨੀਂ ਧੀਆਂ ਦੀ ਲੋਹੜੀ ਦੇ ਇੱਕ ਪ੍ਰੋਗ੍ਰਾਮ ‘ਚ ਪੰਜਾਬ ਦੇ ਔਰਤਾਂ ਤੇ ਬਚਿਆਂ ਦੇ ਵਿਕਾਸ ਬਾਰੇ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ –

byte

ਯਕੀਨਨ ਪੰਜਾਬ ਵਿੱਚ ਪੈ ਰਹੀ ਕੜਾਕੇ ਦੀ ਠੰਢ ਦਰਮਿਆਨ ਨਿੱਘ ਭਰਿਆ ਇਹ ਤਿਉਹਾਰ ਅੱਜ ਸਾਰਿਆਂ ਨੂੰ ਖੁਸ਼ੀਆਂ ਮਨਾਉਣ ਦਾ ਮੌਕਾ ਦਏਗਾ.

-----------------------------------------------------

ਪੰਜਾਬ ਸਰਕਾਰ ਵੱਲੋਂ ਹਰ ਸਾਲ ਮਨਾਈ ਜਾਂਦੀ "ਧੀਆਂ ਦੀ ਲੋਹੜੀ" ਤਹਿਤ ਸੂਬੇ ਦੇ ਸਿਹਤ ਅਤੇ ਪਰਿਵਾਰ ਭਲਾਈ, ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ, ਪਟਿਆਲਾ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਓਹਨਾ ਕਿਹਾ ਕਿ ਜਦੋਂ ਘਰਾਂ ਵਿੱਚ ਧੀਆਂ ਖੁਸ਼, ਸੁਰੱਖਿਅਤ ਅਤੇ ਤੰਦਰੁਸਤ ਹੋਣਗੀਆਂ ਤਾਂ ਹੀ ਪੰਜਾਬ ਸਚਮੁੱਚ ਰੰਗਲਾ ਬਣੇਗਾ। ਮੰਤਰੀ ਨੇ ਇਹ ਵੀ ਕਿਹਾ ਕਿ ਧੀਆਂ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ, ਚੰਗੀ ਸਿੱਖਿਆ ਅਤੇ ਤੰਦਰੁਸਤ ਜੀਵਨ ਮੁਹੱਈਆ ਕਰਵਾਉਣੇ ਬੇਹਦ ਜ਼ਰੂਰੀ ਨੇ.

-----------------------------------------------------

ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਹੇਠ ਅੱਜ ਜ਼ਿਲ੍ਹਾ ਪ੍ਰਸ਼ਾਸ਼ਕੀ ਕੰਪਲੈਕਸ ਵਿਖੇ 51 ਨਵਜੰਮੀਆਂ ਧੀਆਂ ਦੀ ਲੋਹੜੀ ਮਨਾਈ ਗਈ।

-----------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਲੋਹੜੀ ਮੌਕੇ ਸੋਸ਼ਲ ਮੀਡੀਆ ਪੋਸਟ ਰਾਹੀਂ ਸ਼ੁਭਕਾਮਨਾਵਾਂ ਦਿੱਤੀਆਂ ਨੇ. ਪੰਜਾਬ ਦੇ ਮੁਖ ਮੰਤਰੀ ਭਗਵੰਤ

ਸਿੰਘ ਮਾਨ ਨੇ ਵੀ ਸੋਸ਼ਲ ਮੀਡੀਆ ਪੋਸਟ ਰਾਹੀਂ ਲੋਹੜੀ ਦੀਆਂ ਵਧਾਈਆਂ ਦਿੰਦਿਆਂ ਕਾਮਨਾ ਕੀਤੀ ਕਿ ਪ੍ਰਮਾਤਮਾ ਸਾਰਿਆਂ ਨੂੰ ਤੰਦਰੁਸਤੀ, ਤਰੱਕੀ ਅਤੇ ਚੜ੍ਹਦੀ ਕਲਾ ਬਖਸ਼ਣ.

---------------------------------------------------

ਭਾਰਤੀ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਲਈ ਪੇਸ਼ੀਨਗੋਈ ਕਰਦਿਆਂ RED ALERT ਜਾਰੀ ਕੀਤਾ ਏ. ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਦਿਨ ਵੇਲੇ ਸੀਤ ਲਹਿਰ ਬਣੇ ਰਹਿਣ ਦੀ ਉਮੀਦ ਏ. ਮੌਸਮ ਵਿਭਾਗ ਮੁਤਾਬਿਕ, ਸ਼ਨੀਵਾਰ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਤੇ ਜੰਮੂ-ਕਸ਼ਮੀਰ ਵਿੱਚ ਸੰਘਣੀ ਧੁੰਦ ਦੀ ਸਥਿਤੀ ਬਣੀ ਰਹਿ ਸਕਦੀ ਏ.

---------------------------------------------------

- ਉਪ-ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਦਾ ਕਹਿਣਾ ਏ ਕਿ ਵਿਕਸਿਤ ਭਾਰਤ ਦਾ ਦ੍ਰਿਸ਼ਟੀਕੋਣ ਉਦੋਂ ਹੀ ਸਾਕਾਰ ਹੋ ਸਕਦਾ ਏ ਜਦੋਂ ਦੇਸ਼ ਦੇ ਨੌਜਵਾਨ ਨਸ਼ਾ ਮੁਕਤ, ਅਤੇ ਸਿਹਤਮੰਦ ਹੋਣ.

- ਪੰਜਾਬ ਸਰਕਾਰ ਨੇ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਵਿੱਚ ਰਹਿਣ ਵਾਲੇ ਨਿਵਾਸੀਆਂ ਨੂੰ ਲਾਭ ਪਹੁੰਚਾਉਣ ਲਈ ਵੱਡੇ ਨਾਗਰਿਕ ਕੇਂਦਰਿਤ ਸੁਧਾਰ ਪੇਸ਼ ਕੀਤੇ ਨੇ.

- ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਏ ਕਿ ਖਜ਼ਾਨਾ ਵਿਭਾਗ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾ ਰਹੀ ਏ।

- ਅੱਜ ਲੋਹੜੀ ਦਾ ਤਿਉਹਾਰ ਪੂਰੇ ਰਵਾਇਤੀ ਜੋਸ਼ੋ – ਖਰੋਸ਼ ਨਾਲ ਮਨਾਇਆ ਜਾ ਰਿਹਾ ਏ. ਪਟਿਆਲਾ ਵਿਖੇ ਰਾਜ ਪੱਧਰੀ ਸਮਾਗਮ'ਚ "ਧੀਆਂ ਦੀ ਲੋਹੜੀ" ਮਨਾਈ ਗਈ.

- ਭਾਰਤੀ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦਾ RED ALERT ਜਾਰੀ ਕੀਤਾ ਏ.

---------------------------------------------------------

ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,   ਖਬਰਾਂ ਦਾ ਅਗਲਾ  ਬੁਲੇਟਿਨ  ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ

ਨਮਸਕਾਰ  !